**ਖ਼ਾਲਸਾ ਸੰਸਥਾਵਾਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾਂ ਨੂੰ ਸਮਰਪਿਤ ਨਗਰ—ਕੀਰਤਨ**

ਖ਼ਾਲਸਾ ਕਾਲਜ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਦੀਆਂ ਉਨੀ ਵਿਦਿਅਕ ਸੰਸਥਾਵਾਂ ਵੱਲੋਂ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਦੇ ਸੰਬੰਧ ਵਿਚ 22 ਨਵੰਬਰ 2018 ਨੂੰ ਨਗਰ—ਕੀਰਤਨ ਸਜਾਇਆ ਜਾ ਰਿਹਾ ਹੈ। ਇਸ ਨਗਰ—ਕੀਰਤਨ ਵਿਚ 20,000 ਵਿਦਿਆਰਥੀਆਂ ਦੇ ਨਾਲ—ਨਾਲ ਮੈਨੇਜਿੰਗ ਕਮੇਟੀ ਦੇ ਅਹੁਦੇਦਾਰ, ਮੈਂਬਰ ਸਾਹਿਬਾਨ, ਪ੍ਰਿੰਸੀਪਲ ਤੇ ਅਧਿਆਪਕ ਸ਼ਾਮਿਲ ਹੋਣਗੇ। ਇਹ ਨਗਰ—ਕੀਰਤਨ ਸਵੇਰੇ 7.00 ਵਜੇ ਖ਼ਾਲਸਾ ਕਾਲਜ ਅੰਮ੍ਰਿਤਸਰ ਤੋਂ ਆਰੰਭ ਹੋ ਕੇ ਪੁਤਲੀਘਰ, ਰੇਲਵੇ ਸਟੇਸ਼ਨ ਦੇ ਸਾਹਮਣੇ ਤੋਂ ਨਵੇ ਬਣੇ ਪੁੱਲ ਰਾਹੀ ਹਾਲ ਗੇਟ ਤੇ ਕੋਤਵਾਲੀ ਤੋਂ ਹੁੰਦਾ ਹੋਇਆ ਸ੍ਰੀ ਹਰਿਮੰਦਰ ਸਾਹਿਬ ਪੁਹੰਚੇਗਾ। ਇਸ ਨਗਰ—ਕੀਰਤਨ ਦੌਰਾਨ ਕਾਲਜ ਦੇ ਵਿਦਿਆਰਥੀ/ਵਿਦਿਆਰਥਣਾਂ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਦੀ ਖ਼ੁਸ਼ੀ ਵਿਚ ਕੀਰਤਨ ਦੁਆਰਾ ਗੁਰੂ—ਜਸ ਗਾਇਨ ਕਰਨਗੇ। ਇਹ ਵੀ ਜ਼ਿਕਰਯੋਗ ਹੈ ਕਿ ਸਮੂਹ ਖ਼ਾਲਸਾ ਸੰਸਥਾਵਾਂ ਵਿਚ ਗੁਰੂ ਨਾਨਕ ਦੇਵ ਜੀ ਦੇ 550 ਸਾਲਾਂ ਆਗਮਨ ਪੁਰਬ ਦੇ ਸੰਬੰਧ ਵਿਚ 22 ਨਵੰਬਰ ਤੋਂ ਆਰੰਭ ਹੋ ਕੇ ਸਾਰਾ ਸਾਲ ਵੱਖ—ਵੱਖ ਧਾਰਮਿਕ ਪ੍ਰੋਗਰਾਮ ਕਰਵਾਉਣ ਦੀ ਯੋਜਨਾ ਬਣਾਈ ਗਈ ਹੈ। ਇਸ ਸੰਬੰਧੀ ਖ਼ਾਲਸਾ ਕਾਲਜ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਦੇ ਪ੍ਰਧਾਨ ਸ੍ਰ. ਸਤਿਆਜੀਤ ਸਿੰਘ ਜੀ ਮਜੀਠੀਆ ਅਤੇ ਸ੍ਰ. ਰਾਜਿੰਦਰ ਮੋਹਨ ਸਿੰਘ ਜੀ ਛੀਨਾ, ਆਨਰੇਰੀ ਸਕੱਤਰ ਨੇ ਸਮੂਹ ਖ਼ਾਲਸਾ ਸੰਸਥਾਵਾਂ ਦੇ ਪ੍ਰਿੰਸੀਪਲਾਂ ਮੀਟਿੰਗ ਕਰਕੇ ਵਿਸ਼ੇਸ਼ ਦਿਸ਼ਾ—ਨਿਰਦੇਸ਼ ਦਿੱਤੇ ਹਨ। ਇਸ ਸੰਬੰਧੀ ਖ਼ਾਲਸਾ ਕਾਲਜ ਅੰਮ੍ਰਿਤਸਰ ਦੇ ਪ੍ਰਿੰਸੀਪਲ ਡਾ. ਮਹਿਲ ਸਿੰਘ ਨੇ ਦੱਸਿਆ ਕਿ ਖ਼ਾਲਸਾ ਕਾਲਜ ਅੰਮ੍ਰਿਤਸਰ ਦਾ ਮੁੱਖ ਉਦੇਸ਼ ਆਧੁਨਿਕ ਵਿਦਿਆ ਦੇ ਨਾਲ—ਨਾਲ ਗੁਰੂ ਸਾਹਿਬਾਨ ਦੇ ਜੀਵਨ, ਫ਼ਲਸਫ਼ੇ ਤੇ ਸਿੱਖਿਆਵਾਂ ਦਾ ਪ੍ਰਚਾਰ ਕਰਨਾ ਹੈ। ਇਸ ਕਰਕੇ 550 ਸਾਲਾਂ ਨੂੰ ਸਮਰਪਿਤ ਗੁਰੂ ਨਾਨਕ ਦੇਵ ਜੀ ਸੰਬੰਧੀ ਵੱਖ—ਵੱਖ ਖ਼ਾਲਸਾ ਸੰਸਥਾਵਾਂ ਵਿਚ ਕਈ ਸੈਮੀਨਾਰ, ਕੀਰਤਨ ਅਤੇ ਧਾਰਮਿਕ ਮੁਕਾਬਲੇ ਕਰਵਾਉਣ ਦੇ ਕਈ ਪ੍ਰੋਗਰਾਮ ਉਲੀਕੇ ਗਏ ਹਨ।